# Former Japanese Prime Minister H.E. Mr. Yoshihide Suga calls on Prime Minister

May 24, 2022

## ਜਪਾਨ ਦੇ ਸਾਬਕਾ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਯੋਸ਼ੀਹਿਦੇ ਸੁਗਾ ਨੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕੀਤੀ

ਜਪਾਨ ਦੇ ਸਾਬਕਾ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਯੋਸ਼ੀਹਿਦੇ ਸੁਗਾ ਨੇ 24 ਮਈ 2022 ਨੂੰ ਟੋਕੀਓ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ

ਦੋਹਾਂ ਨੇਤਾਵਾਂ ਨੇ ਸਤੰਬਰ 2021 ਵਿੱਚ ਵਾਸ਼ਿੰਗਟਨ ਡੀ.ਸੀ. ਵਿੱਚ ਆਯੋਜਿਤ ਪਹਿਲੇ ਕਵਾਡ ਲੀਡਰਸ ਸਮਿਟ ਦੇ ਦੌਰਾਨ ਦੁਵੱਲੀ ਬੈਠਕ ਸਹਿਤ ਆਪਣੀ ਪਿਛਲੀ ਗੱਲਬਾਤ ਨੂੰ ਯਾਦ ਕੀਤਾ। ਪ੍ਰਧਾਨ ਮੰਤਰੀ ਨੇ ਭਾਰਤ-ਜਪਾਨ ਸਬੰਧਾਂ ਨੂੰ ਗਹਿਰਾ ਅਤੇ ਮਜ਼ਬੂਤ ਕਰਨ ਵਿੱਚ ਸ਼੍ਰੀ ਸੁਗਾ ਦੇ ਯੋਗਦਾਨ ਦੀ ਸਰਾਹਨਾ ਕੀਤੀ ।

ਦੋਹਾਂ ਨੇਤਾਵਾਂ ਨੇ ਭਾਰਤ-ਜਪਾਨ ਵਿਸ਼ਿਸ਼ ਰਣਨੀਤਕ ਅਤੇ ਆਲਮੀ ਸਾਂਝੇਦਾਰੀ ਨੂੰ ਹੋਰ ਅਧਿਕ ਮਜ਼ਬੂਤ ਬਣਾਉਣ ਦੇ ਸਬੰਧ ਵਿੱਚ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ। ਪ੍ਰਧਾਨ ਮੰਤਰੀ ਨੇ ਸ਼੍ਰੀ ਸੁਗਾ ਨੂੰ ਆਪਣੀ ਅਗਵਾਈ ਵਿੱਚ ਜਪਾਨੀ ਸਾਂਸਦਾਂ ਦਾ ਇੱਕ ਵਫ਼ਦ ਲੈ ਕੇ ਭਾਰਤ ਆਉਣ ਦੇ ਲਈ ਸੱਦਾ ਦਿੱਤਾ ।

**ਟੋਕੀਓ**

**23 ਮਈ, 2022**

DISCLAIMER: This is an approximate translation. The original is available in English on MEA’s website and may be referred to as the official press release.